# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 02-11-2024**

- ਵਿਦੇਸ਼ ਮੰਤਰਾਲੇ ਨੇ ਕੈਨੇਡਾ ਦੇ ਹਾਈ ਕਮਿਸ਼ਨ ਦੇ ਨੁਮਾਇੰਦੇ ਨੂੰ ਤਲਬ ਕਰਕੇ ਵਿਰੋਧ ਜਤਾਇਆ ਏ ।
- ਪੰਜਾਬ ਦੀਆਂ ਮੰਡੀਆਂ ਵਿਚ ਝੋਨੇ ਦੀ ਆਮਦ ਅਤੇ ਖਰੀਦ ਲਗਾਤਾਰ ਜਾਰੀ ।
- ਪੈਨਸ਼ਨ ਅਤੇ ਪੈਨਸ਼ਨਰਜ਼ ਕਲਿਆਣ ਵਿਭਾਗ ਨੇ ਤੀਜੀ ਰਾਸ਼ਟਰ-ਵਿਆਪੀ ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ ਦੀ ਕੀਤੀ ਸ਼ੁਰੂਆਤ ।
- ਤਿਉਹਾਰਾਂ ਦੇ ਮੱਦੇਨਜ਼ਰ ਮੁਸਾਫ਼ਿਰਾਂ ਦੀ ਸਹੂਲਤ ਲਈ ਉੱਤਰ ਰੇਲਵੇ ਦੇ ਫ਼ਿਰੋਜ਼ਪੁਰ ਡਿਵਿਜ਼ਨ ਵੱਲੋਂ ਭਲਕੇ 3 ਨਵੰਬਰ ਨੂੰ 6 ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਨੇ ।

---

ਵਿਦੇਸ਼ ਮੰਤਰਾਲੇ ਨੇ ਕੈਨੇਡਾ ਦੇ ਹਾਈ ਕਮਿਸ਼ਨ ਦੇ ਨੁਮਾਇੰਦੇ ਨੂੰ ਤਲਬ ਕੀਤਾ ਅਤੇ Deputy Minister David Morrison ਵੱਲੋਂ ਜਨਤਕ ਅਤੇ ਰਾਸ਼ਟਰੀ ਸੁਰੱਖਿਆ ਬਾਰੇ ਸਥਾਈ ਕਮੇਟੀ ਦੇ ਸਾਹਮਣੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਹਵਾਲੇ ਨਾਲ ਭਾਰਤ ਦੇ ਵਿਰੋਧ ਤੋਂ ਜਾਣੂ ਕਰਵਾਇਆ। ਅੱਜ ਦੁਪਹਿਰ ਬਾਅਦ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਦੱਸਿਆ ਏ ਕਿ 29 ਅਕਤੂਬਰ ਨੂੰ Ottawa ਵਿੱਚ ਸਥਾਈ ਕਮੇਟੀ ਦੀ ਕਾਰਵਾਈ ਬਾਰੇ ਇੱਕ ਸਫਾਰਤੀ ਨੋਟ ਸੌਂਪਿਆ ਗਿਆ ਸੀ। ਓਹਨਾਂ ਜ਼ੋਰ ਦੇ ਕੇ ਕਿਹਾ ਕਿ ਇਹ ਖੁਲਾਸਾ ਕਿ, ਉੱਚ - ਕੈਨੇਡੀਅਨ ਅਧਿਕਾਰੀ ਜਾਣਬੁੱਝ ਕੇ ਅੰਤਰਰਾਸ਼ਟਰੀ ਮੀਡੀਆ ਨੂੰ ਬੇਬੁਨਿਆਦ ਗੱਲਾਂ ਨੂੰ ਲੀਕ ਕਰਦੇ ਨੇ, ਮੌਜੂਦਾ ਕੈਨੇਡੀਅਨ ਸਰਕਾਰ ਦੇ ਰਾਜਨੀਤਿਕ ਏਜੰਡੇ ਅਤੇ ਵਿਹਾਰ ਪ੍ਰਤੀ ਭਾਰਤ ਦੇ ਨਜ਼ਰੀਏ ਦੀ ਪੁਸ਼ਟੀ ਕਰਦਾ ਏ। ਉਨ੍ਹਾਂ

ਚੇਤਾਵਨੀ ਦਿੱਤੀ ਕਿ ਅਜਿਹੀਆਂ ਗੈਰ-ਜ਼ਿੰਮੇਵਾਰਾਨਾ ਕਾਰਵਾਈਆਂ ਦੇ, ਦੁਵੱਲੇ ਸਬੰਧਾਂ ਲਈ ਗੰਭੀਰ ਨਤੀਜੇ ਹੋਣਗੇ।ਕੈਨੇਡਾ ਵੱਲੋਂ ਭਾਰਤੀ ਅਧਿਕਾਰੀਆਂ 'ਤੇ ਕੀਤੀ ਜਾ ਰਹੀ ਨਿਗਰਾਨੀ ਬਾਰੇ ਸ੍ਰੀ ਜੈਸਵਾਲ ਨੇ ਕਿਹਾ ਕਿ ਭਾਰਤ ਦੇ ਕੁਝਕੌਂਸਲਰ ਅਧਿਕਾਰੀਆਂ ਨੂੰ ਹਾਲ ਹੀ ਵਿੱਚ ਕੈਨੇਡੀਅਨ ਸਰਕਾਰ ਵੱਲੋਂ ਸੂਚਿਤ ਕੀਤਾ ਗਿਆ ਸੀ ਕਿ ਉਹ ਆਡੀਓ ਅਤੇ ਵੀਡੀਓ ਨਿਗਰਾਨੀ ਅਧੀਨ ਨੇ ਅਤੇ ਇਹ ਨਿਗਰਾਨੀ ਜਾਰੀ ਰਹੇਗੀ. ਉਨ੍ਹਾਂ ਦਾ ਸੰਚਾਰ ਵੀ ਰੋਕਿਆ ਗਿਆ ਏ। ਬੁਲਾਰੇ ਨੇ ਕਿਹਾ ਕਿ ਭਾਰਤ ਨੇ ਬਕਾਇਦਾ ਤੌਰ 'ਤੇ ਕੈਨੇਡੀਅਨ ਸਰਕਾਰ ਨੂੰ ਵਿਰੋਧ ਪ੍ਰਗਟਾਇਆ ਏ ਤੇ ਭਾਰਤ ਇਨ੍ਹਾਂ ਕਾਰਵਾਈਆਂ ਨੂੰ ਸਬੰਧਤ ਕੂਟਨੀਤਕ ਅਤੇ ਕੌਂਸਲਰ ਸਮਝੌਤੇ ਦੀ ਉਲੰਘਣਾ ਮੰਨਦਾ ਏ। ਬੁਲਾਰੇ ਨੇ ਜ਼ੋਰ ਦੇ ਕੇ ਕਿਹਾ ਕਿ ਅਧਿਕਾਰਿਕ ਢੰਗ – ਤਰੀਕਿਆਂ ਦਾ ਹਵਾਲਾ ਦੇ ਕੇ, ਕੈਨੇਡੀਅਨ ਸਰਕਾਰ ਤੰਗ ਪਰੇਸ਼ਾਨ ਕਰਣ ਅਤੇ ਡਰਾਉਣ ਧਮਕਾਉਣ ਨੂੰ ਜਾਇਜ਼ ਨਹੀਂ ਠਹਿਰਾ ਸਕਦੀ . ਓਹਨਾਂ ਅੱਗੇ ਕਿਹਾ ਕਿ

ਕੂਟਨੀਤਕ ਅਤੇ ਕੌਂਸਲਰ ਮੁਲਾਜ਼ਮ  ਪਹਿਲਾਂ ਹੀ ਅਤੇ ਹਿੰਸਾ ਦੇ ਮਾਹੌਲ ਵਿੱਚ ਕੰਮ ਕਰ ਰਹੇ ਨੇ.  ਉਨ੍ਹਾਂ ਕਿਹਾ ਕਿ ਕੈਨੇਡੀਅਨ ਸਰਕਾਰ ਦੀ ਇਹ ਕਾਰਵਾਈ ਸਥਿਤੀ ਨੂੰ ਹੋਰ ਵਿਗੜਦੀ ਏ ਅਤੇ ਸਥਾਪਤ ਕੂਟਨੀਤਕ ਨੇਮਾਂ ਅਤੇ ਅਭਿਆਸਾਂ ਦੇ ਅਨੁਕੂਲ ਨਹੀਂ ਏ।ਕੈਨੇਡਾ ਵਿੱਚ ਦੀਵਾਲੀ ਦੇ ਜਸ਼ਨਾਂ ਨੂੰ ਰੱਦ ਕਰਨ ਬਾਰੇ ਬੁਲਾਰੇ ਨੇ ਕਿਹਾ ਕਿ ਇਹ ਮੰਦਭਾਗਾ ਏ ਕਿ ਕੈਨੇਡਾ ਵਿੱਚ ਮੌਜੂਦਾ ਮਾਹੌਲ ਅਸਹਿਣਸ਼ੀਲਤਾ ਅਤੇ ਕੱਟੜਤਾ ਦੇ ਉੱਚੇ ਪੱਧਰ 'ਤੇ ਪਹੁੰਚ ਗਿਆ ਏ। ਵੀਜ਼ਿਆਂ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ, ਸ੍ਰੀ ਜੈਸਵਾਲ ਨੇ ਕਿਹਾ ਕਿ ਭਾਰਤ, ਆਪਣੇ ਵਿਦਿਆਰਥੀ ਅਤੇ ਅਸਥਾਈ ਮੁਲਾਜ਼ਮ ਜੋ ਇਸ ਸਮੇਂ ਕੈਨੇਡਾ ਵਿੱਚ ਨੇ, ਦੀ ਠੀਕ ਸਥਿਤੀ ਹੋਣ ਦੀ ਨਿਗਰਾਨੀ ਕਰ ਰਿਹਾ ਏ.

---

ਅੱਜ ਪੂਰੇ ਦੇਸ਼ 'ਚ ਗੋਵਰਧਨ ਪੂਜਾ ਦਾ ਤਿਉਹਾਰ ਮਨਾਇਆ ਜਾ ਰਿਹਾ ਏ। ਸਦੀਆਂ ਤੋਂ ਦੀਵਾਲੀ ਦੇ ਅਗਲੇ ਦਿਨ ਗੋਵਰਧਨ ਪੂਜਾ

ਮਨਾਉਣ ਦੀ ਪਰੰਪਰਾ ਰਹੀ ਏ । ਇਹ ਵਰਖਾ ਦੇ ਦੇਵਤਾ, ਭਗਵਾਨ ਇੰਦਰ ਉੱਤੇ ਭਗਵਾਨ ਕ੍ਰਿਸ਼ਨ ਦੀ ਜਿੱਤ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਇੱਕ ਰਸਮ ਵਜੋਂ, ਗੋਵਰਧਨ ਪਰਵਤ ਨੂੰ ਘਰ ਦੇ ਪ੍ਰਵੇਸ਼ ਦੁਆਰ ਦੇ ਬਾਹਰ ਗਊ ਦੇ ਗੋਹੇ ਨਾਲ ਬਣਾਇਆ ਜਾਂਦਾ ਏ ਅਤੇ ਲੋਕ ਇਸ ਦਿਨ ਗਊਆਂ ਦੀ ਪੂਜਾ ਕਰਦੇ ਹਨ। ਇਸ ਦਿਨ ਨੂੰ ਅੰਨਕੁਟ ਵਜੋਂ ਵੀ ਮਨਾਇਆ ਜਾਂਦਾ ਏ ਅਤੇ ਇਸ ਸ਼ੁਭ ਦਿਨ 'ਤੇ ਸ਼ਰਧਾਲੂ ਵਿਸ਼ੇਸ਼ ਪੂਜਾ ਕਰਦੇ ਨੇ । ਇਸ ਮੌਕੇ ਕੇਂਦਰੀ ਗ੍ਰਿਹਿ ਮੰਤਰੀ ਅਮਿਤ ਸ਼ਾਹ ਨੇ ਦੇਸ਼ ਵਾਸੀਆਂ ਨੂੰਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸ਼ਾਹ ਨੇ ਕਿਹਾ ਕਿ ਭਗਵਾਨ ਕ੍ਰਿਸ਼ਨ ਨੇ ਗੋਵਰਧਨ ਪਰਬਤ ਰਾਹੀਂ ਨਾ ਸਿਰਫ ਮਨੁੱਖਤਾ ਦੀ ਰੱਖਿਆ ਕੀਤੀ, ਸਗੋਂ ਸਾਰੇ ਜੀਵਤ ਸੰਸਾਰ ਦੀ ਵੀ ਰੱਖਿਆ ਕੀਤੀ।

---

ਪੰਜਾਬ ਦੀਆਂ ਮੰਡੀਆਂ ਵਿਚ ਝੋਨੇ ਦੀ ਆਮਦ ਅਤੇ ਖਰੀਦ ਲਗਾਤਾਰ ਜਾਰੀ ਏ। ਇਸੇ ਤਹਿਤ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੀ ਸ਼ਾਮ ਤੱਕ 1,57, 465 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਏ। ਜ਼ਿਲ੍ਹੇ ਵਿੱਚ ਇਸ ਸੀਜ਼ਨ ਦਾ ਕੁੱਲ ਖਰੀਦ ਦਾ ਟੀਚਾ 2,14,776 ਮੀਟ੍ਰਿਕ ਟਨ ਮਿਥਿਆ ਗਿਆ ਏ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਝੋਨੇ ਦੀ ਖਰੀਦ ਨਿਰਵਿਘਨ ਚੱਲ ਰਹੀ ਏ ਅਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾ ਰਹੀ। ਡਿਪਟੀ ਕਮਿਸ਼ਨਰ ਅਨੁਸਾਰ ਹੁਣ ਤੱਕ ਇਸ ਖਰੀਦੇ ਗਏ ਝੋਨੇ ਲਈ

ਕਿਸਾਨਾਂ ਦੇ ਖਾਤਿਆਂ ਵਿੱਚ 349.88 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਏ। ਉਹਨਾਂ ਅੱਗੇ ਦੱਸਿਆ ਕਿ ਮੰਡੀਆਂ ਵਿੱਚੋਂ 52,128 ਮੀਟਰਿਕ ਟਨ ਝੋਨੇ ਦੀ ਚੁਕਾਈ ਕੀਤੀ ਜਾ ਚੁੱਕੀ ਹੈ ਅਤੇ ਬਾਕੀ ਦਾ ਝੋਨਾ ਵੀ ਜਲਦ ਹੀ ਮੰਡੀਆਂ ਵਿੱਚੋਂ

ਚੁੱਕ ਲਿਆ ਜਾਵੇਗਾ। ਉਧਰ ਫਰੀਦਕੋਟ ਜ਼ਿਲੇ ਦੀਆ ਮੰਡੀਆ ਵਿੱਚ ਝੋਨੇ ਦੀ ਖਰੀਦ , ਚੁਕਾਈ ਤੇ ਅਦਾਇਗੀ ਦਾ ਕੰਮ ਵੀ ਲਗਾਤਾਰ ਜਾਰੀ ਏ ਅਤੇ ਬੀਤੀ ਸ਼ਾਮ ਤੱਕ 358155 ਮੀਟਰਿਕ ਟਨ ਝੋਨੇ ਦੀ ਆਮਦ ਹੋਈ ਏ ਅਤੇ ਵੱਖ ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 312436 ਮੀਟਰਕ ਟਨ ਝੋਨਾ ਖਰੀਦਿਆ ਜਾ ਚੁੱਕਾ ਏ । ਜ਼ਿਲੇ ਦੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਵਲੋਂ ਖਰੀਦ ਪ੍ਰਕਿਰਿਆ ਸੁਖਾਲੀ ਬਣਾਉਣ ਲਈ ਮੰਡੀਆਂ ਵਿਚ ਪੀਣ ਵਾਲੇ ਪਾਣੀ, ਸਾਫ਼-ਸਫ਼ਾਈ, ਛਾਂ, ਤਿਰਪਾਲ ਅਤੇ ਬਾਰਦਾਨੇ ਦੀ ਵਿਵਸਥਾ ਕੀਤੀ ਗਈ ਏ ।

---------------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਕਿਹਾ ਏ ਕਿ ਜ਼ਿਲ੍ਹੇ ਦੇ ਕਿਸਾਨਾਂ ਨੂੰ ਡੀਏਪੀ ਖਾਦ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਦੱਸਿਆ ਕਿ 2024-24

ਦੀ ਹਾੜ੍ਹੀ ਦੀ ਫਸਲ ਲਈ ਕੁੱਲ 35 ਹਜ਼ਾਰ ਮੀਟ੍ਰਿਕ ਟਨ ਦੀ ਲੋੜ ਏ , ਜਿਸ 'ਚੋਂ 22500 ਮੀਟ੍ਰਿਕ ਟਨ ਸਹਿਕਾਰੀ ਸੋਸਾਈਟੀਆਂ ਅਤੇ ਪ੍ਰਾਈਵੇਟ ਫਰਮਾਂ ਕੋਲ ਸਪਲਾਈ ਕੀਤੀ ਜਾ ਚੁੱਕੀ ਹੈ ਅਤੇ ਬਾਕੀ 15 ਨਵੰਬਰ ਤੱਕ ਪਹੁੰਚਾ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਚ ਡੀਏਪੀ ਖਾਦ ਦੇ ਮੱਦੇਨਜ਼ਰ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਏ । ਡਿਪਟੀ ਕਮਿਸ਼ਨਰ ਨੇ ਪੈਸਟੀਸਾਈਡ ਡੀਲਰਾਂ ਨੂੰ ਹਦਾਇਤ ਕਰਦਿਆਂਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਖਾਦ ਦਾ ਵਾਧੂ ਭੰਡਾਰਨ ਨਾ ਕੀਤੀ ਜਾਵੇ । ਅਜਿਹਾ ਕਰਨ 'ਤੇ ਉਹਨਾਂ ਖਿਲਾਫ ਸਖਤ ਕਾਰਵਾਈ ਆਰੰਭੀ ਜਾਵੇਗੀ। ਉਨ੍ਹਾਂ ਕਿਸਾਨਾ ਨੂੰ ਕਿਹਾ ਕਿ ਡਾਈ ਖਾਦ ਨਾਲ ਟੈਗਿੰਗ, ਵੱਧ ਰੇਟ, ਨੈਨੋ ਖਾਦ, ਸਲਫਰ, ਮਾਈਕੋਰੇਜਾ ਜਾਂ ਕੁਝ ਹੋਰ ਧੱਕੇ ਨਾਲ ਮਿਲ ਰਿਹਾ ਏ ਤਾਂ ਉਹ 1100 ਨੰਬਰ 'ਤੇ ਕਾਲ ਕਰ ਸਕਦੇ ਨੇ ਜਾਂ

ਫਿਰ ਮੋਬਾਇਲ ਨੰਬਰ 98555-01076 'ਤੇ ਵ੍ਹਟਸਐਪ ਸੁਨੇਹਾ ਭੇਜ ਸਕਦੇ ਨੇ।

---------------------------------------------------------------

ਉਧਰ ਜਲੰਧਰ ਜ਼ਿਲੇ ਦੇ ਪਿੰਡ ਸ਼ੇਰਗੜ੍ਹੀ ਦਾ ਅਗਾਂਹਵਧੂ ਕਿਸਾਨ ਡੀ.ਏ.ਪੀ. ਦੇ ਬਦਲ ਵਜੋਂ ਐਨ.ਪੀ.ਕੇ. ਦੀ ਵਰਤੋਂ ਕਰ ਰਿਹੈ ਉਸਦਾ ਕਹਿਣਾ ਹੈ ਕਿ ਉਹ ਖੁਦ ਫ਼ਸਲ ਦੀ ਬਿਜਾਈ ਲਈ ਡੀ.ਏ.ਪੀ. ਦੀ ਥਾਂ ਐਨ.ਪੀ.ਕੇ 16:16:16 ਦੀ ਵਰਤੋਂ ਕਰ ਰਿਹਾ ਏ ਜਿਸ ਦਾ ਨਤੀਜਾ ਬਹੁਤ ਵਧੀਆ ਰਿਹਾ ਹੈ ਅਤੇ ਫ਼ਸਲ ਦੇ ਝਾੜ 'ਤੇ ਵੀ ਚੰਗਾ ਅਸਰ ਪਿਆ ਏ। ਇਸ ਤੋਂ ਇਲਾਵਾ ਮਿੱਟੀ ਵਿੱਚ ਪੋਸ਼ਕ ਤੱਤਾਂ ਦੀ ਪੂਰਤੀ ਦੇ ਨਾਲ ਖੇਤੀ ਖਰਚੇ ਘਟਾਉਣ ਵਿੱਚ ਵੀ ਮਦਦ ਮਿਲੀ ਏ।BYTE ਇਸ ਦੇ ਨਾਲ ਹੀ ਖੇਤਬਾੜੀ ਅਫ਼ਸਰ ਡਾ. ਸੁਰਜੀਤ ਸਿੰਘ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਡੀ.ਏ.ਪੀ. ਦਾ ਚੰਗਾ ਵਿਕਲਪ ਹੈ ਅਤੇ ਮਿੱਟੀ ਦੀ ਗੁਣਵੱਤਾ ਨੂੰ ਬਣਾਏ ਰੱਖਣ ਵਿੱਚ ਸਹਾਇਕ ਹੈ।

------------------------------------------------------------

ਛਠ ਪੂਜਾ ਦੇ ਮੱਦੇਨਜ਼ਰ ਅਤੇ  ਤਿਉਹਾਰਾਂ ਨੂੰ ਦੇਖਦਿਆਂ ਹੋਈਆਂ ਮੁਸਾਫ਼ਿਰਾਂ ਦੀ ਸਹੂਲਤ ਲਈ ਉੱਤਰ ਰੇਲਵੇ ਦੇ ਫ਼ਿਰੋਜ਼ਪੁਰ ਡਿਵਿਜ਼ਨ ਵੱਲੋਂ ਭਲਕੇ 3 ਨਵੰਬਰ ਨੂੰ 6 ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਨੇ. ਡਿਵਿਜ਼ਨ ਦੇ ਇੱਕ ਬੁਲਾਰੇ ਨੇ ਦੱਸਿਆ ਏ ਕਿ ਇਹਨਾਂ ‘ਚ , ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟਰਾ ਤੋਂ ਡਾਕਟਰ ਅੰਬੇਡਕਰ ਨਗਰ ਇੰਦੌਰ ਵਿਖੇ ਕਲ ਰਾਤੀਂ 10 ਵਜੇ, ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟਰਾ ਤੋਂ ਵਾਰਾਣਸੀ ਲਈ ਰਾਤੀਂ 11 ਵਜ ਕੇ 45 ਮਿੰਟ ‘ਤੇ, ਅਮ੍ਰਿਤਸਰ ਤੋਂ ਸਹਰਸਾ ਲਈ ਰਾਤੀਂ 8 ਵਜ ਕੇ 10 ਮਿੰਟ’ਤੇ, ਲੁਧਿਆਣਾ ਤੋਂ ਕਲਕੱਤੇ ਲਈ ਸ਼ਾਮ 6 ਵਾਜ ਕੇ 30 ਮਿੰਟ ‘ਤੇ, ਜੰਮੂ ਤਵੀ ਤੋਂ ਧੰਨਬਾਦ ਲਈ ਕਲ ਰਾਤ 11ਵਾਜ ਕੇ 30 ਮਿੰਟ ‘ਤੇ ਅਤੇ ਲੁਧਿਆਣਾ ਤੋਂ ਜੈ ਨਗਰ ਲਈ ਰਾਤ ਸਵਾ 10 ਵਜੇ ਚਲਣਗੀਆਂ –BYTE

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਲੋਕਾਂ ਨੂੰ ਸਿਹਤ ਨਿਰੋਗਤਾ ਪ੍ਰਤੀ ਜਾਗਰੂਕ ਕਰਨ ਲਈ ਆਰੰਭੇ ਗਏ ਯਤਨਾਂ ਵਿਚ ,'ਸੀ ਐਮ ਦੀ ਯੋਗਸ਼ਾਲਾ' ਤਹਿਤ ਯੋਗਾ ਕਲਾਸਾਂ ਚਲਾਈਆਂ ਜਾ ਰਹੀਆਂ ਨੇ। ਡੇਰਾਬੱਸੀ ਦੇ ਐਸ ਡੀ ਐਮ ਅਮਿਤ ਗੁਪਤਾ ਨੇ ਦੱਸਿਆ ਕਿ ਜ਼ੀਰਕਪੁਰ ਵਿਖੇ 49 ਅਤੇ ਡੇਰਾਬੱਸੀ 'ਚ 25 ਯੋਗਾ ਕਲਾਸਾਂ 'ਸੀ ਐਮ ਦੀ ਯੋਗਸ਼ਾਲਾ' ਤਹਿਤ ਆਮ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਯਤਨਸ਼ੀਲ ਨੇ। ਉਨ੍ਹਾਂ ਦੱਸਿਆ ਕਿ ਯੋਗਾ ਕਲਾਸਾਂ ਲਈ ਬਾਕਾਇਦਾ ਮਾਹਿਰ ਯੋਗਾ ਕੋਚ ਪੰਜਾਬ ਸਰਕਾਰ ਵੱਲੋਂ ਉਪਲਬਧ ਕਰਵਾਏ ਗਏ ਨੇ । ਇਸ ਸੰਬੰਧੀ ਯੋਗ ਕਰਨ ਦਾ ਚਾਹਵਾਨ 25 ਵਿਅਕਤੀਆਂ ਦਾ ਕੋਈ ਵੀਸਮੂਹ ਮੋਬਾਈਲ ਨੰਬਰ 76694-00500 'ਤੇ ਸੰਪਰਕ ਕਰਕੇ ਯੋਗਾ ਟ੍ਰੇਨਰ ਦੀਆਂ ਸੇਵਾਵਾਂ ਲੈ ਸਕਦਾ ਏ । ਇਸ ਤੋਂ ਇਲਾਵਾ

ਵੈੱਬਸਾਈਟ cmdiyogshala.punjab.gov.in 'ਤੇ ਜਾ ਕੇ ਵੀ ਜਾਣਕਾਰੀ ਲਈ ਜਾ ਸਕਦੀ ਏ। ਯੋਗ ਕਲਾਸ ਕਰਵਾਉਣ ਦੀ ਪੰਜਾਬ ਸਰਕਾਰ ਵੱਲੋਂ ਕੋਈ ਫ਼ੀਸ ਨਹੀਂ ਲਈ ਜਾਂਦੀ।

------------------------------------------------------------------

ਪੈਨਸ਼ਨ ਅਤੇ ਪੈਨਸ਼ਨਰਜ਼ ਕਲਿਆਣ ਵਿਭਾਗ ਨੇ ਤੀਜੀ ਰਾਸ਼ਟਰ-ਵਿਆਪੀ ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ ਦੀ ਸ਼ੁਰੂਆਤ ਕੀਤੀ ਏ ਜੋ ਕਿ 1-30 ਨਵੰਬਰ ਤੱਕ ਭਾਰਤ ਦੇ 800 ਸ਼ਹਿਰਾਂ ਅਤੇ ਜ਼ਿਲ੍ਹਿਆਂ ਵਿੱਚ ਆਯੋਜਿਤ ਕੀਤੀ ਜਾ ਰਹੀ ਏ। ਇਹ ਹੁਣ ਤੱਕ ਦੀ ਸਭ ਤੋਂ ਵੱਡੀ ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ ਏ। ਇਹ ਮੁਹਿੰਮ ਪੈਨਸ਼ਨ ਵੰਡਣ ਵਾਲੇ ਬੈਂਕਾਂ, ਇੰਡੀਆ ਪੋਸਟ ਪੇਮੈਂਟਸ ਬੈਂਕ, ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨਾਂ, CGDA, ਤਕਨੋਲੋਜੀ ਵਿਭਾਗ , ਰੇਲਵੇ, UIDAI ਅਤੇ ਇਲੈਕਟ੍ਰਾਨਿਕਸ ਅਤੇ ਸੂਚਨਾ ਮੰਤਰਾਲੇ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਏ। ਜਿਸ ਦਾ ਉਦੇਸ਼ ਦੂਰ-

ਦੁਰਾਡੇ ਦੇ ਕੋਨਿਆਂ ਵਿੱਚ ਸਾਰੇ ਪੈਨਸ਼ਨਰਾਂ ਤੱਕ ਪਹੁੰਚਣਾ ਏ। ਇੱਸ ਮੁਹਿੰਮ ਦਾ ਫੋਕਸ ਮੁੱਖ ਤੌਰ 'ਤੇ ਚਿਹਰਾ ਪ੍ਰਮਾਣਿਕਤਾ ਤਕਨਾਲੋਜੀ ਨੂੰ ਉਤਸ਼ਾਹਿਤ ਕਰਨਾ ਏ। ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲਾ ਅਤੇ UIDAI ਇਸ ਮੁਹਿੰਮ ਦੌਰਾਨ ਤਕਨੀਕੀ ਸਹਾਇਤਾ ਪ੍ਰਦਾਨ ਕਰੇਗਾ। ਬਜ਼ੁਰਗ ਪੈਨਸ਼ਨਰਾਂ ਲਈ ਚਿਹਰਾ ਪ੍ਰਮਾਣਿਕਤਾ ਨੂੰ ਵਧੇਰੇ ਸਹਿਜ ਅਤੇ ਸੁਵਿਧਾਜਨਕ ਬਣਾਇਆ ਗਿਆ ਏ ਅਤੇ ਇਸਦੀ ਵਰਤੋਂ ਐਂਡਰਾਇਡ ਦੇ ਨਾਲ-ਨਾਲ iOS 'ਤੇ ਵੀ ਕੀਤੀ ਜਾ ਸਕਦੀ ਏ।

---------------------------------------------------------------------

ਪੰਜਾਬ ਦੇ ਵੱਖ VKH ਜ਼ਿਲਿਆਂ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਸਾਸ਼ਨ ਪੱਬਾਂ ਭਰ ਨਜਰ ਆ ਰਹੇ ਏ . ਫ਼ਰੀਦਕੋਟ ਜਿਲ੍ਹੇ ਵਿੱਚ ਨੈਸ਼ਨਲ ਗਰੀਨ ਟ੍ਰਿਬਿਊਨਲ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਹਦਾਇਤਾਂ ਅਨੁਸਾਰ AJIHIA ਘਟਨਾਵਾਂ ਨੂੰ ਰੋਕਣ ਲਈ,

ਪ੍ਰਸ਼ਾਸਨ ਵੱਲੋਂ ਜੰਗੀ ਪੱਧਰ ਤੇ ਕਾਰਜ ਕੀਤੇ ਜਾ ਰਹੇ ਨੇ। ਜ਼ਿਲੇ ਦੇ ਡਿਪਟੀ ਕਮਿਸ਼ਨਰ ਸ਼੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਚੈਕਿੰਗ ਟੀਮਾਂ ਤੋਂ ਇਲਾਵਾ ਉਹ ਖੁਦ ਤੇ ਐਸ.ਐਸ.ਪੀ ਡਾ. ਪ੍ਰਗਿਆ ਜੈਨ ਵੀ ਫੀਲਡ ਵਿੱਚ ਜਾ ਕੇ ਅੱਗ ਲੱਗਣ ਦੀਆਂ ਘਟਨਾਵਾਂ ਤੇ ਨਿਗਾਹ ਰੱਖ ਰਹੇ ਨੇ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੂਰੇ ਜਿਲ੍ਹੇ ਵਿੱਚ ਜਿੱਥੇ ਜਾਗਰੂਕਤਾ ਮੁਹਿੰਮ ਜੰਗੀ ਪੱਧਰ ਤੇ ਜਾਰੀ ਏ , ਉੱਥੇ ਹੀ ਪਰਾਲੀ ਨੂੰ ਅੱਗ ਲਗਾਉਣ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਦੇ ਚਾਲਾਨ ਕੱਟੇ ਜਾ ਰਹੇ ਨੇ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਬੰਧੀ 18 ਵਿਅਕਤੀਆਂ ਦੇ ਵਿਰੁੱਧ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਨੇ ਅਤੇ ਉਨ੍ਹਾਂ ਦੇ ਮਾਲ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਕੀਤੀ ਗਈ ਹੈ। ਇੱਸੇ ਤਰਾਂ ਪਟਿਆਲਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਅਤੇ ਜ਼ਿਲਾ ਪੁਲਿਸ ਮੁਖੀ ਨੇ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ

ਰੋਕਣ ਲਈ ਜ਼ਿਲੇ ਦੇ ਉੱਚ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟੰਗਕੀਤੀ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਵੱਧ ਤੋਂ ਵੱਧ ਪ੍ਰੇਰਿਤ ਕੀਤਾ ਜਾਵੇ ਅਤੇ ਅਣਗਿਹਲੀ ਕਰਨ ਵਾਲਿਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ . ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਨੱਥ ਪਾਉਣ ਲਈ ਆਪਣੀ ਵਚਨਬੱਧਤਾ ਅਨੁਸਾਰ ਪ੍ਰਸ਼ਾਸਨ ਨੇ ਜ਼ਿਲ੍ਹਾ ਪੁਲੀਸ ਅਤੇ ਹੋਰ ਸਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਪਿਛਲੇ ਸਾਲ ਦੇ ਮੁਕਾਬਲੇ ਇਸ ਰੁਝਾਨ ਨੂੰ ਰੋਕਣ ਵਿੱਚ ਇਸ ਸਾਲ ਹੁਣ ਤੱਕ 68 ਫੀਸਦੀ ਦੀ ਕਮੀ ਦਰਜ ਕੀਤੀ ਏ।

---

## <u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਵਿਦੇਸ਼ ਮੰਤਰਾਲੇ ਨੇ ਕੈਨੇਡਾ ਦੇ ਹਾਈ ਕਮਿਸ਼ਨ ਦੇ ਨੁਮਾਇੰਦੇ ਨੂੰ ਤਲਬ ਕਰਕੇ ਵਿਰੋਧ ਜਤਾਇਆ ਏ।

• ਪੰਜਾਬ ਦੀਆਂ ਮੰਡੀਆਂ ਵਿਚ ਝੋਨੇ ਦੀ ਆਮਦ ਅਤੇ ਖਰੀਦ ਲਗਾਤਾਰ ਜਾਰੀ ।

• ਪੈਨਸ਼ਨ ਅਤੇ ਪੈਨਸ਼ਨਰਜ਼ ਕਲਿਆਣ ਵਿਭਾਗ ਨੇ ਤੀਜੀ ਰਾਸ਼ਟਰ-ਵਿਆਪੀ ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ ਦੀ ਕੀਤੀ ਸ਼ੁਰੂਆਤ ।

• ਤਿਉਹਾਰਾਂ ਦੇ ਮੱਦੇਨਜ਼ਰ ਮੁਸਾਫ਼ਿਰਾਂ ਦੀ ਸਹੂਲਤ ਲਈ ਉੱਤਰ ਰੇਲਵੇ ਦੇ ਫ਼ਿਰੋਜ਼ਪੁਰ ਡਿਵਿਜ਼ਨ ਵੱਲੋਂ ਭਲਕੇ 3 ਨਵੰਬਰ ਨੂੰ 6 ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਨੇ ।